


ਰੋਜ਼ਾਨਾ

ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : lokbani08@gmail.com

13 ਫਰਵਰੀ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)




R.N.I. /Punpun/29016/2008/ ● ਸਾਲ : 15 ● ਅੰਕ : 46 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111



## ਦੇਸ਼ ਦੀ ਰਾਸ਼ਟਰਪਤੀ ਨੇ 12 ਨਵੇਂ ਰਾਜਪਾਲ ਨਿਯੁਕਤ ਕੀਤੇ

**ਦਿੱਲੀ/ਕਪੂਰ**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਐਤਵਾਰ ਨੂੰ ਵੱਖ-ਵੱਖ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਰਾਜਪਾਲਾਂ ਦੇ ਅਹੁਦਿਆਂ 'ਤੇ ਫੇਰਬਦਲ ਕੀਤਾ। ਇਸ ਦੌਰਾਨ ਮਹਾਰਾਸ਼ਟਰ ਦੇ ਰਾਜਪਾਲ ਭਗਤ ਸਿੰਘ ਕੋਸ਼ਿਆਰੀ ਅਤੇ ਲੱਦਾਖ ਦੇ ਰਾਜਪਾਲ ਰਾਧਾਕਿਸ਼ਨ ਮਾਥੁਰ ਨੇ ਅੱਜ ਆਪਣੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਹੈ। ਰਾਸ਼ਟਰਪਤੀ ਨੇ ਉਨਾਂ ਦੇ ਅਸਤੀਫ਼ੇ ਸਵੀਕਾਰ ਕਰ ਲਏ ਹਨ। ਛੱਤੀਸਗੜ ਦੀ ਰਾਜਪਾਲ ਅਨਸੂਯਾ ਉਈਕੇ ਨੂੰ ਮਨੀਪੁਰ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ ਅਤੇ ਉਨਾਂ ਦੀ ਥਾਂ 'ਤੇ ਆਂਧਰਾ ਪ੍ਰਦੇਸ਼ ਦੇ ਰਾਜਪਾਲ ਬੀ ਬੀ ਹਰੀਚਰਨ ਨੂੰ ਨਿਯੁਕਤ ਕੀਤਾ ਗਿਆ ਹੈ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਲੈਫਟੀਨੈਂਟ ਜਨਰਲ ਕੈਵਲਯ ਤ੍ਰਿਵਿਕਰਮ ਪਾਰਨਾਇਕ ਨੂੰ ਅਰੁਣਾਚਲ ਪ੍ਰਦੇਸ਼ ਦਾ ਰਾਜਪਾਲ, ਲਕਸ਼ਮਣ ਪ੍ਰਸਾਦ ਅਚਾਰੀਆ ਨੂੰ ਸਿੱਕਮ ਦਾ ਰਾਜਪਾਲ, ਸੀਪੀ ਰਾਧਾਕ੍ਰਿਸ਼ਨਨ ਨੂੰ ਝਾਰਖੰਡ ਦਾ ਰਾਜਪਾਲ ਨਿਯੁਕਤ ਕੀਤਾ ਹੈ। ਇਸ ਦੇ ਨਾਲ ਹੀ ਸ਼ਿਵ ਪ੍ਰਤਾਪ ਸ਼ੁਕਲਾ ਨੂੰ ਹਿਮਾਚਲ ਪ੍ਰਦੇਸ਼ ਦਾ ਰਾਜਪਾਲ ਨਿਯੁਕਤ ਕੀਤਾ ਗਿਆ ਹੈ। ਅਰੁਣਾਚਲ ਪ੍ਰਦੇਸ਼ ਦੇ ਰਾਜਪਾਲ, ਬ੍ਰਿਗੇਡੀਅਰ (ਡਾ.) ਬੀ.ਡੀ. ਮਿਸ਼ਰਾ (ਸੇਵਾਮੁਕਤ) ਨੂੰ ਲੱਦਾਖ ਦਾ ਉਪ ਰਾਜਪਾਲ ਨਿਯੁਕਤ ਕੀਤਾ ਗਿਆ ਸੀ। ਮਨੀਪੁਰ ਦੇ ਰਾਜਪਾਲ ਐਲ ਗਣੇਸ਼ਨ ਨੂੰ ਨਾਗਾਲੈਂਡ ਦਾ ਰਾਜਪਾਲ ਨਿਯੁਕਤ ਕੀਤਾ ਗਿਆ ਹੈ। ਬਿਹਾਰ ਦੇ ਰਾਜਪਾਲ ਫੱਗੂ ਚੌਹਾਨ ਨੂੰ ਮੇਘਾਲਿਆ ਦਾ ਰਾਜਪਾਲ ਨਿਯੁਕਤ ਕੀਤਾ ਗਿਆ ਹੈ।

## ਉਪ ਰਾਸ਼ਟਰਪਤੀ ਨੂੰ ਜਯਾ ਬੱਚਨ ਨੇ ਵਿਖਾਈ ਉਂਗਲ



**ਦਿੱਲੀ/ਕਪੂਰ**

ਬਾਲੀਵੁੱਡ ਅਦਾਕਾਰਾ ਅਤੇ ਰਾਜ ਸਭਾ ਮੈਂਬਰ ਜਯਾ ਬੱਚਨ ਅਕਸਰ ਪਾਪਰਾਜ਼ੀ 'ਤੇ ਤਾਂ ਕਦੇ ਪ੍ਰਸ਼ੰਸਕਾਂ 'ਤੇ ਆਪਣੇ ਗੁੱਸੇ ਨੂੰ ਲੈ ਕੇ ਸੁਰਖੀਆਂ 'ਚ ਰਹਿੰਦੀ ਹੈ। ਪਰ ਜ਼ਿਆਦਾਤਰ ਲੋਕ ਉਨਾਂ ਦਾ ਵਿਵਹਾਰ ਪਸੰਦ ਨਹੀਂ ਕਰਦੇ। ਕਈ ਵਾਰ ਜਯਾ ਬੱਚਨ ਆਪਣੇ ਗੁੱਸੇ ਨੂੰ ਲੈ ਕੇ ਸੋਸ਼ਲ ਮੀਡੀਆ 'ਤੇ ਟ੍ਰੋਲ ਵੀ ਹੋ ਜਾਂਦੀ ਹੈ। ਇਸ ਕੜੀ 'ਚ ਇਕ ਵਾਰ ਫਿਰ ਰਾਜ ਸਭਾ ਮੈਂਬਰ ਜਯਾ ਬੱਚਨ ਆਪਣੇ ਗੁੱਸੇ ਕਾਰਨ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ। ਟਵਿਟਰ 'ਤੇ ਲੋਕ ਸਮਾਜਵਾਦੀ ਪਾਰਟੀ ਦੇ ਸੰਸਦ ਮੈਂਬਰ ਦੇ ਇਸ ਵਤੀਰੇ ਦੀ ਤਿੱਖੀ ਆਲੋਚਨਾ ਕਰ ਰਹੇ ਹਨ। ਵਾਇਰਲ ਵੀਡੀਓ 9 ਫਰਵਰੀ ਨੂੰ ਰਾਜ ਸਭਾ ਦੀ ਕਾਰਵਾਈ ਦਾ ਹੈ। ਦਰਅਸਲ, ਅਡਾਨੀ ਮਾਮਲੇ ਨੂੰ ਲੈ ਕੇ ਸੰਸਦ 'ਚ ਹੰਗਾਮੇ ਦਰਮਿਆਨ ਕਾਂਗਰਸ ਦੀ ਰਾਜ ਸਭਾ ਮੈਂਬਰ ਰਜਨੀ ਪਾਟਿਲ ਨੂੰ ਸਪੀਕਰ ਦੇ ਨਿਰਦੇਸ਼ਾਂ ਦੀ ਉਲੰਘਣਾ ਕਰਨ 'ਤੇ ਚੱਲ ਰਹੇ ਬਜਟ ਸੈਸ਼ਨ ਦੇ ਬਾਕੀ ਸਮੇਂ ਲਈ ਮੁਅੱਤਲ ਕਰ ਦਿੱਤਾ ਗਿਆ ਸੀ।

## ਸਿਹਤ ਵਿਭਾਗ ਦੇ ਮੁਲਾਜ਼ਮਾਂ ਲਈ ਜਾਰੀ ਹੋਇਆ ਨਵਾਂ ਡਰੈੱਸ ਕੋਡ



**ਚੰਡੀਗੜ੍ਹ/ਵਿਨੋਦ ਸ਼ਰਮਾ**

ਹਰਿਆਣਾ ਸਰਕਾਰ ਨੇ ਸਿਹਤ ਵਿਭਾਗ ਵਿੱਚ ਡਰੈਸ ਕੋਡ ਲਾਗੂ ਕਰਨ ਦੇ ਹੁਕਮ ਜਾਰੀ ਕੀਤੇ ਹਨ। ਵਿਭਾਗ ਦੇ ਕਰਮਚਾਰੀ ਇਸ ਫੈਸਲੇ ਨੂੰ ਲੈ ਕੇ ਇਕਮਤ ਨਹੀਂ ਹਨ। ਨਰਸਿੰਗ ਐਸੋਸੀਏਸ਼ਨ ਨੇ ਡਰੈੱਸ ਕੋਡ ਲਾਗੂ ਕਰਨ ਤੋਂ ਪਹਿਲਾਂ ਆਪਣੇ ਸੁਝਾਅ ਦਿੱਤੇ ਹਨ। ਇਸ ਦੇ ਨਾਲ ਹੀ ਫਾਰਮਾਸਿਸਟ ਅਤੇ ਲੈਬ ਟੈਕਨੀਸ਼ੀਅਨ ਐਸੋਸੀਏਸ਼ਨ ਨੇ ਇਸ ਫੈਸਲੇ ਦਾ ਸਵਾਗਤ ਕਰਦੇ ਹੋਏ ਆਪਣੇ ਲਈ ਵੀ ਡਰੈੱਸ ਕੋਡ ਲਾਗੂ ਕਰਨ ਦੀ ਮੰਗ ਕੀਤੀ ਹੈ। ਲੈਬ ਟੈਕਨੀਸ਼ੀਅਨ ਦਾ ਕਹਿਣਾ ਹੈ ਕਿ ਐਸੋਸੀਏਸ਼ਨ ਨੇ 2020 ਵਿੱਚ ਲਿਖਿਆ ਸੀ ਕਿ ਉਹ ਚਿੱਟੇ ਰੰਗ ਦੀ ਕਮੀਜ਼ ਵਾਲੀ ਡਰੈੱਸ ਪਾਉਣਾ ਚਾਹੁੰਦਾ ਹੈ, ਪਰ ਸਰਕਾਰ ਵੱਲੋਂ ਨਾ ਤਾਂ ਉਸ ਨੂੰ ਡਰੈੱਸ ਭੱਤਾ ਦਿੱਤਾ ਜਾ ਰਿਹਾ ਹੈ ਅਤੇ ਨਾ ਹੀ ਸਾਲ ਵਿੱਚ ਦੋ ਵਾਰ ਐਪਰਨ ਦਿੱਤਾ ਜਾ ਰਿਹਾ ਹੈ। ਹਸਪਤਾਲ ਦੇ ਸਟਾਫ ਵਿਚ ਅਨੁਸ਼ਾਸਨ, ਇਕਸਾਰਤਾ ਲਿਆਉਣ ਲਈ ਵਿਭਾਗ ਨੇ ਡਰੈਸ ਪਾਲਿਸੀ ਤਿਆਰ ਕੀਤੀ ਹੈ।

## ਪੰਜਾਬ ਦੇ ਇੰਨਾਂ ਤਿੰਨ ਟੋਲ ਪਲਾਜਾ ਦਾ ਕਾਰਜਕਾਲ ਜਲਦ ਹੋਣ ਜਾ ਰਿਹਾ ਖਤਮ



**ਜਲੰਧਰ, ਰਾਕੇਸ਼ ਵਰਮਾ**

ਪੰਜਾਬ 'ਚ ਟੋਲ ਪਲਾਜ਼ੇ ਬੇਸ਼ੱਕ ਆਪਣੇ ਸਮੇਂ ਅਨੁਸਾਰ ਜਾਂ ਨਿਯਮਾਂ ਅਨੁਸਾਰ ਬੰਦ ਕੀਤੇ ਗਏ ਹਨ ਪਰ ਸਟੇਟ ਹਾਈਵੇਅ 24 ਪੰਜਾਬ (ਬਲਾਚੌਰ-ਦਸੂਹਾ) 'ਤੇ ਸਥਿਤ ਤਿੰਨ ਵੱਖ-ਵੱਖ ਟੋਲ ਪਲਾਜ਼ੇ ਤਕਰੀਬਨ ਇਕ ਮਹੀਨੇ ਤੋਂ ਸੁਰਖੀਆਂ 'ਚ ਹਨ । ਉਨਾਂ ਦਾ ਕਾਰਜਕਾਲ 14 ਫਰਵਰੀ 2023 ਨੂੰ ਖ਼ਤਮ ਹੋਣ ਜਾ ਰਿਹਾ ਹੈ, ਜਿਸ ਬਾਰੇ ਚੰਡੀਗੜ ਤੋਂ ਦਸੂਹਾ ਵਾਇਆ ਬਲਾਚੌਰ ਨੂੰ ਜਾਂਦੇ ਸਮੇਂ ਪਹਿਲਾ ਟੋਲ ਪਲਾਜ਼ਾ ਮਜਾਰੀ, ਦੂਜਾ ਚੱਬੇਵਾਲ ਅਤੇ ਤੀਜਾ ਮਾਨਗੜ ਨੇੜੇ ਦਸੂਹਾ ਹੈ। ਤਕਰੀਬਨ 104.96 ਕਿਲੋਮੀਟਰ ਤੱਕ ਆਉਣ-ਜਾਣ ਵਾਲੇ ਵਾਹਨ ਚਾਲਕਾਂ ਨੂੰ ਸੈਂਕੜੇ ਰੁਪਏ ਦਾ ਟੋਲ ਅਦਾ ਕਰਨਾ ਪਿਆ।

## ਸਲੰਡਰ ਫਟਣ ਕਾਰਨ ਹੋਇਆ ਹਾਦਸਾ, 2 ਦੀ ਮੌਤ

**ਨੋਇਡਾ/ਲੋਕ ਬਾਣੀ**



ਨੋਇਡਾ ਦੇ ਕੋਤਵਾਲੀ ਫੇਜ਼-1 ਸਥਿਤ ਸੈਕਟਰ ਅੱਠ ਦੀ ਜੇਜੇ ਕਲੋਨੀ ਵਿੱਚ ਇੱਕ ਝੁੱਗੀ ਵਿੱਚ ਸਿਲੰਡਰ ਫਟਣ ਕਾਰਨ ਅੱਗ ਲੱਗ ਗਈ। ਇਸ ਅੱਗ 'ਚ 6 ਲੋਕ ਝੁਲਸ ਗਏ। ਸੂਚਨਾ ਮਿਲਣ 'ਤੇ ਫਾਇਰ ਬ੍ਰਿਗੇਡ ਅਤੇ ਪੁਲਸ ਟੀਮ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ ਅਤੇ ਜ਼ਖਮੀਆਂ ਨੂੰ ਇਲਾਜ ਲਈ ਨੋਇਡਾ ਦੇ ਜ਼ਿਲਾ ਹਸਪਤਾਲ 'ਚ ਦਾਖਲ ਕਰਵਾਇਆ। ਜਿੱਥੇ ਇੱਕ ਨਵਜੰਮੇ ਬੱਚੇ ਸਮੇਤ ਦੋ ਬੱਚਿਆਂ ਦੀ ਮੌਤ ਹੋ ਗਈ। ਬਾਕੀ ਚਾਰ ਜ਼ਖਮੀਆਂ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਉਨਾਂ ਨੂੰ ਇਲਾਜ ਲਈ ਦਿੱਲੀ ਦੇ ਸਫਦਰਜੰਗ ਹਸਪਤਾਲ ਰੈਫਰ ਕਰ ਦਿੱਤਾ ਗਿਆ ਹੈ। ਇਹ ਘਟਨਾ ਅੱਜ ਤੜਕੇ 3 ਵਜੇ ਸੈਕਟਰ-8 ਦੇ ਡੀ-221 ਦੇ ਸਾਹਮਣੇ ਝੁੱਗੀ ਵਿੱਚ ਵਾਪਰੀ, ਅੱਗ ਲੱਗਣ ਦੀ ਸੂਚਨਾ ਮਿਲਦਿਆਂ ਹੀ ਫਾਇਰ ਬ੍ਰਿਗੇਡ ਫੇਜ਼-1 ਦੀਆਂ ਦੋ ਗੱਡੀਆਂ ਅਤੇ ਥਾਣਾ ਕੋਤਵਾਲੀ ਫੇਜ਼-1 ਦੀ ਪੁਲੀਸ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ।

## ਅਸਾਮ ਤੇ ਨਾਗਾਂਵ 'ਚ ਲੱਗੇ ਭੁਚਾਲ ਦੇ ਝਟਕੇ

**ਨਾਗਾਂਵ/ਲੋਕ ਬਾਣੀ**

ਅੱਜ ਸ਼ਾਮ 16:18 ਵਜੇ ਅਸਾਮ ਦੇ ਨਾਗਾਂਵ ਵਿਚ ਭੁਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਭੂਚਾਲ ਵਿਗਿਆਨ ਲਈ ਰਾਸ਼ਟਰੀ ਕੇਂਦਰ ਅਨੁਸਾਰ ਰਿਕਟਰ ਪੈਮਾਨੇ 'ਤੇ ਭੁਚਾਲ ਦੀ ਤੀਬਰਤਾ 4.0 ਮਾਪੀ ਗਈ।

## ਟਰੈਕਟਰ-ਟਰਾਲੀ ਨੂੰ ਲੱਗੀ ਅੱਗ

**ਫ਼ਾਜ਼ਿਲਕਾ/ਲੋਕ ਬਾਣੀ**

ਫ਼ਾਜ਼ਿਲਕਾ ਦੀ ਨਵੀਂ ਅਨਾਜ ਮੰਡੀ ਵਿਚ ਇਕ ਵੱਡਾ ਹਾਦਸਾ ਵਾਪਰ ਗਿਆ। ਮੰਡੀ ਵਿਚ ਪਰਾਲੀ ਦੀਆਂ ਗੱਠਾਂ ਨਾਲ ਭਰੀ ਟਰੈਕਟਰ ਟਰਾਲੀ ਨੂੰ ਅਚਾਨਕ ਅੱਗ ਲੱਗ ਗਈ, ਜਿਸ ਨੇ ਦੇਖਦਿਆਂ ਹੀ ਦੇਖਦਿਆਂ ਭਿਆਨਕ ਰੂਪ ਅਖ਼ਤਿਆਰ ਕਰ ਲਿਆ। ਇਸ ਹਾਦਸੇ ਵਿਚ ਜਿੱਥੇ ਗੱਠਾਂ ਸੜ ਕੇ ਸੁਆਹ ਹੋ ਗਈਆਂ, ਉੱਥੇ ਹੀ ਟਰੈਕਟਰ ਟਰਾਲੀ, ਮੋਟਰਸਾਈਕਲ ਅਤੇ ਇਕ ਗੱਡੀ ਦਾ ਵੀ ਨੁਕਸਾਨ ਹੋਇਆ ਹੈ।ਅੱਗ ਬੁਝਾਊ ਦਸਤੇ ਦੀਆਂ ਤਿੰਨ ਗੱਡੀਆਂ ਨੇ ਮੌਕੇ 'ਤੇ ਜਾ ਕੇ ਕਾਫ਼ੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ।

## ਪੰਜਾਬ ਦੇ ਹੈਡਮਾਸਟਰ ਘੇਰਣ ਜਾ ਰਹੇ ਹਨ ਅਧਿਕਾਰੀਆਂ ਦੇ ਦਫਤਰ

**ਚੰਡੀਗੜ/ਵਿਨੋਦ ਸ਼ਰਮਾ**

ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ਲਗਾਤਾਰ ਇਹ ਦਾਅਵੇ ਕੀਤੇ ਜਾ ਰਹੇ ਹਨ ਕਿ ਪੰਜਾਬ ਦੇ ਸਿੱਖਿਆ ਖੇਤਰ ਵਿਚਲੀਆਂ ਕਮੀਆਂ ਨੂੰ ਦੂਰ ਕਰਕੇ ਪੰਜਾਬ ਦੇ ਸਿੱਖਿਆ ਪ੍ਰਬੰਧ ਨੂੰ ਪੂਰੇ ਦੇਸ਼ ਵਿੱਚੋਂ ਬਿਹਤਰੀਨ ਬਣਾਇਆ ਜਾ ਰਿਹਾ ਹੈ, ਦੂਜੇ ਪਾਸੇ ਦੀ ਤ੍ਰਾਸਦੀ ਇਹ ਹੈ ਕਿ ਬਿਨਾਂ ਵਜਾ ਬੇਤੁਕੀਆਂ ਅਗਵਾਈਆਂ ਅਤੇ ਦਲੀਲਾਂ ਨੂੰ ਅਧਾਰ ਬਣਾ ਕੇ ਜਨਵਰੀ 2020 ਵਿੱਚ ਪੀ. ਪੀ. ਐੱਸ. ਸੀ. ਰਾਹੀਂ ਭਰਤੀ ਟੈਸਟ ਪਾਸ ਕਰਕੇ ਵਿਭਾਗ ਦੇ ਸਕੂਲਾਂ ਦੀ ਨੁਹਾਰ ਬਦਲਣ ਵਾਲੇ ਸਿੱਧੀ ਭਰਤੀ ਹੈੱਡਮਾਸਟਰਾਂ ਨੂੰ ਤਿੰਨ ਸਾਲ ਉਪਰੰਤ ਵੀ ਪਰਖ ਕਾਲ ਪੂਰਾ ਨਹੀਂ ਕੀਤਾ ਜਾ ਰਿਹਾ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111